"ਘਰ-ਘਰ ਰੋਜ਼ਗਾਰ"

# ਡਾਇਰੈਕਟਰ , ਸਿੱਖਿਆ ਭਰਤੀ ਡਾਇਰੈਕਟੋਰੇਟ , ਪੰਜਾਬ

ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ(ਮਾਈਕਰੋਸਾਫਟ ਬਿਲਡਿੰਗ),
ਫੇਸ -3ਬੀ-1, ਐਸ .ਏ. ਐਸ ਨਗਰ(ਮੋਹਾਲੀ)
**Website:- www.educationrecrutimentboard.com**

ਨੰ: 08/22-2021 ਭਡ(1)/2022331406 ਮਿਤੀ: 19.12.2022

## ਪਬਲਿਕ ਨੋਟਿਸ

ਸਿੱਖਿਆ ਵਿਭਾਗ ਪੰਜਾਬ ਵਲੋਂ 4161 ਮਾਸਟਰ ਕਾਡਰ ਅਧੀਨ **DPE (Physical Education)** ਵਿਸੇ ਦੀਆਂ 168 ਪੋਸਟਾਂ ਭਰਨ ਸਬੰਧੀ ਵਿਭਾਗ ਦੀ ਵੈਬ-ਸਾਇਟ www.educationrecruitmentboard.com ਤੇ ਵਿਗਿਆਪਨ ਦਿੱਤਾ ਗਿਆ ਸੀ, ਜਿਸ ਦਾ ਮਿਤੀ 04.9.2022 ਨੂੰ ਲਿਖਤੀ ਟੈਸਟ ਲੈਣ ਉਪਰੰਤ ਨਤੀਜਾ ਮਿਤੀ 04.11.2022 ਨੂੰ ਘੋਸਿਤ ਕੀਤਾ ਗਿਆ ਸੀ । ਨਤੀਜਾ ਘੋਸਿਤ ਹੋਣ ਉਪਰੰਤ ਮਿਤੀ 10.11.2022 ਅਤੇ 11.11.2022 ਨੂੰ ਉਮੀਦਵਾਰਾਂ ਨੂੰ ਆਪਣੇ ਅਸਲ ਦਸਤਾਵੇਜਾਂ ਦੀ ਸਕਰੂਟਨੀ ਲਈ ਸੱਦਾ ਦਿੱਤਾ ਗਿਆ ਸੀ, ਜਿਸ ਦੀ ਲਗਾਤਾਰਤਾ ਵਿਚ ਵਿਭਾਗ ਵਲੋਂ ਬਾਕੀ ਰਹਿੰਦੇ ਉਮੀਦਵਾਰਾਂ ਨੂੰ ਅਸਲ ਦਸਤਾਵੇਜਾਂ ਦੀ ਸਕਰੂਟਨੀ ਲਈ ਸੱਦਾ ਦਿੱਤਾ ਜਾਂਦਾ ਹੈ, ਇਥੇ ਇਹ ਸਪਸਟ ਕੀਤਾ ਜਾਂਦਾ ਹੈ ਕਿ **ਕੇਵਲ ਉਹ ਉਮੀਦਵਾਰ ਹੀ ਕਾਊਸਲਿੰਗ ਲਈ ਰਿਪੋਰਟ ਕਰਨ ਜਿਨ੍ਹਾਂ ਉਮੀਦਵਾਰਾਂ ਨੇ ਵਿਗਿਆਪਨ ਵਿਚ ਦਰਜ ਸਰਤ ਅਨੁਸਾਰ ਪੀ.ਐਸ.ਟੈਟ-2 ਲਾਜਮੀ ਤੌਰ ਤੇ ਪਾਸ ਕੀਤਾ ਹੋਵੇ**, ਉਨ੍ਹਾਂ ਉਮੀਦਵਾਰਾਂ ਨੂੰ ਸਿੱਖਿਆ ਭਰਤੀ ਡਾਇਰੈਕਟੋਰੇਟ, ਪੰਜਾਬ, ਸਰਕਾਰੀ ਮਾਡਲ ਸੀਨੀਅਰ ਸਕੂਲ(ਮਾਈਕਰੋਸਾਫਟ ਬਿਲਡਿੰਗ), ਫੇਸ -3ਬੀ-1, ਐਸ.ਏ.ਐਸ ਨਗਰ (ਮੋਹਾਲੀ) ਵਿਖੇ **ਮਿਤੀ 21.12.2022 ਤੋਂ 23.12.2022 ਤੱਕ ਸਵੇਰੇ 9.00 ਵਜੇ ਤੋਂ ਸਾਮ 3.00 ਵੱਜੇ ਤੱਕ** ਅਸਲ ਦਸਤਾਵੇਜਾਂ ਦੀ ਸਕਰੂਟਿਨੀ ਲਈ ਸੱਦਾ ਦਿੱਤਾ ਜਾਂਦਾ ਹੈ।

### MASTER CADRE DPE 168 POSTS

| Sr. No. | Category | Called Cutoff | Date of Scrutiny |
|---|---|---|---|
| 1 | BC<br>EWS | ਪੀ.ਐਸ.ਟੈਟ-2 ਪਾਸ ਸਾਰੇ ਉਮੀਦਵਾਰ | 21-12-2022 |
| 2 | General | ਪੀ.ਐਸ.ਟੈਟ-2 ਪਾਸ ਸਾਰੇ ਉਮੀਦਵਾਰ | 22-12-2022 |
| 3 | General(ESM)<br>SC(M&B)<br>SC(R&O)<br>SC(R&O)ESM | ਪੀ.ਐਸ.ਟੈਟ-2 ਪਾਸ ਸਾਰੇ ਉਮੀਦਵਾਰ | 23-12-2022 |

ਬਿਨੈਕਾਰ ਨਿਰਧਾਰਿਤ ਸ਼ਡਿਊਲ ਅਨੁਸਾਰ ਦਸਤਾਵੇਜਾਂ ਦੀ ਸਕਰੂਟਿਨੀ ਤੇ ਆਉਣ ਤੋਂ ਪਹਿਲਾਂ ਹੇਠ ਦਰਸਾਏ ਅਨੁਸਾਰ ਸਕਰੂਟਿਨੀ ਫਾਰਮ ਵਿਭਾਗ ਦੀ ਵੈਬਾਈਟ ਤੋਂ ਡਾਊਨ ਲੋਡ ਕਰਕੇ ਉਸ ਨੂੰ ਸਾਫ਼-ਸੁਥਰਾ ਭਰਨ ਉਪਰੰਤ ਆਪਣੇ ਸਰਟੀਫਿਕੇਟਾਂ ਨੂੰ ਇੱਕ Running PDF ਤਿਆਰ ਕਰਕੇ (DPE ਵਿਸ਼ਾ mastercadredpe4767@gmail.com) ਤੇ ਈ-ਮੇਲ ਦੇ SUBJECT ਕਾਲਮ ਭਰਤੀ ਦਾ ਨਾਮ, **ਵਿਸ਼ਾ**, **ਰਜਿਸਟਰੇਸ਼ਨ ਨੰਬਰ ਅਤੇ ਆਪਣਾ ਨਾਮ ਭਰ ਕੇ** e-mail **ਕਰੇਗਾ।**

1. ਜਨਮ ਮਿਤੀ ਸਬੰਧੀ ਦਸਵੀ ਦਾ ਸਰਟੀਫਿਕੇਟ,
2. ਪੰਜਾਬੀ ਪਾਸ ਕਰਨ ਦਾ ਸਬੂਤ (ਦਸਵੀਂ ਕਲਾਸ ਜਾਂ ਉਚੇਰੀ ਪੱਧਰ ਤੇ),
3. .ਬੀ.ਏ. ਭਾਗ I, II,III ਦੇ DMC ਅਤੇ ਡਿਗਰੀ,
4. ਬੀ.ਐਡ.ਦੀ DMC ਅਤੇ ਡਿਗਰੀ,
5. ਕੈਟਾਗਰੀ ਨਾਲ ਸਬੰਧਤ ਸਰਟੀਫਿਕੇ,
6. ਪੰਜਾਬ ਰਾਜ ਵਸਨੀਕ ਹੋਣ ਦਾ ਸਬੂਤ (ਕੇਵਲ ਉਹੀ ਉਮੀਦਵਾਰ ਜਿਨ੍ਹਾਂ ਨੇ ਕਿਸੇ ਰਿਜ਼ਰਵ ਕੈਟਾਗਰੀ ਵਿੱਚ ਅਪਲਾਈ ਕੀਤਾ ਹੈ),
7. ਆਮਦਨ ਸਬੰਧੀ ਸਵੈ-ਘੋਸ਼ਣਾ ਪੱਤਰ (ਵਿਭਾਗ ਦੀ ਵੈਬਸਾਈਟ ਤੋਂ ਡਾਊਨ ਲੋਡ ਕਰ ਕੇ ਭਰਨ ਉਪਰੰਤ) ਜਿਹੜੇ ਉਮੀਦਵਾਰਾਂ ਨੇ ਪੱਛੜੀ ਸ਼੍ਰੇਣੀ ਕੈਟਾਗਰੀ ਵਿੱਚ ਅਪਲਾਈ ਕੀਤਾ ਹੈ)।
8. ਵਿਦਿਅਕ ਯੋਗਤਾਵਾਂ ਸਬੰਧੀ ਸਵੈ-ਘੋਸ਼ਣਾ \ਤਸਦੀਕੀ ਪੱਤਰ (ਵਿਭਾਗ ਦੀ ਵੈਬਸਾਈਟ ਤੋਂ ਡਾਊਨ ਲੋਡ ਕਰ ਕੇ ਭਰਨ ਉਪਰੰਤ)

ਉਮੀਦਵਾਰ ਦਸਤਾਵੇਜਾਂ ਦੀ ਸਕਰੂਟਿਨੀ ਤੇ ਆਉਣ ਸਮੇਂ ਆਪਣੇ ਨਾਲ ਅਸਲ ਸਰਟੀਫਿਕੇਟ, ਸਰਟੀਫਿਕੇਟ ਦੀਆਂ ਖੁਦ ਤਸਦੀਕ ਕੀਤੀਆਂ ਫੋਟੋ ਕਾਪੀਆਂ ਦਾ ਇੱਕ ਸੈੱਟ, ਆਪਣੀ ਪਾਸਪੋਰਟ ਸਾਈਜ ਦੀਆਂ 4 ਫੋਟੋਆਂ, ਜਮ੍ਹਾਂ ਕਰਵਾਈ ਗਈ ਫੀਸ ਦਾ ਦਾਸਬੂਤ, ਆਨਲਾਈਨ ਅਪਲਾਈ ਕਰਨ ਦਾ ਫਾਰਮ, ਵਿਭਾਗ ਦੀ ਵੈਬਸਾਈਟ ਤੋਂ ਡਾਊਨ ਲੋਡ ਕੀਤਾ ਸਕਰੂਟਨੀ ਫਾਰਮ ਫਾਈਲ ਕਵਰ ਵਿੱਚ ਟੈਗ ਕਰਕੇ ਸਾਰੇ ਅਸਲ ਸਰਟੀਫਿਕੇਟ ਅਤੇ ਤਸਦੀਕੀ ਫੋਟੋ ਕਾਪੀਆਂ ਉਕਤ ਦਰਸਾਈ ਤਰਤੀਬ ਅਨੁਸਾਰ ਵੱਖਰੀਆਂ ਫਾਈਲਾਂ ਵਿੱਚ ਲਗਾ ਕੇ ਦਸਤਾਵੇਜਾ ਦੀ ਸਕਰੂਟਨੀ ਲਈ ਨਿੱਜੀ ਤੌਰ ਤੇ ਹਾਜਰ ਹੋਣਗੇ।

**ਉਮੀਦਵਾਰਾਂ ਲਈ ਹਦਾਇਤਾਂ:-**

1. ਉਪਰੋਕਤ ਦਿੱਤੇ ਸ਼ਡਿਊਲ ਅਨੁਸਾਰ ਉਮੀਦਵਾਰ ਦਸਤਾਵੇਜਾਂ ਦੀ ਸਕਰੂਟਨੀ ਕਰਵਾਉਣ ਲਈ ਨਿੱਜੀ ਪੱਧਰ ਤੇ ਹਾਜ਼ਰ ਹੋਣਾ ਯਕੀਨੀ ਬਨਾਉਣ।
2. ਕਿਸੇ ਵੀ ਉਮੀਦਵਾਰ ਵੱਲੋਂ ਦਸਤਵੇਜਾ ਦੀ ਸਕਰੂਟਨੀ ਵਿੱਚ ਹਾਜਰ ਹੋਣ ਦਾ ਭਾਵ ਇਹ ਨਹੀਂ ਕਿ ਉਸਦਾ ਨਿਯੁਕਤੀ ਲਈ ਹੱਕ ਪੈਦਾ ਹੋ ਗਿਆਹੈ।
3. ਦਸਤਾਵੇਜਾ ਦੀ ਸਕਰੂਟਨੀ ਸਮੇਂ ਸਾਰੇ ਅਸਲ ਦਸਤਾਵੇਜ/ਸਰਟੀਫਿਕੇਟ ਚੈਕ ਕੀਤੇ ਜਾਣਗੇ।ਇਸ ਤੋਂ ਬਾਅਦ ਕੋਈ ਵੀ ਸਰਟੀਫਿਕੇਟ/ਦਸਤਾਵੇਜ ਕਿਸੇ ਵੀ ਸੂਰਤ ਵਿੱਚ ਨਹੀਂ ਲਿਆ ਜਾਵੇਗਾ।
4. ਅਸਲ ਦਸਤਾਵੇਜ, ਦਸਤਾਵੇਜਾ ਦੀ ਸਕਰੂਟਨੀ ਲਈ ਗਠਿਤ ਸਬ-ਕਮੇਟੀਆਂ ਕੋਲੋਂ ਚੈਕ ਕਰਵਾਉਣੇ ਅਤਿ ਜਰੂਰੀ ਹਨ।ਦਸਤਾਵੇਜ ਚੈਕ ਨਾਂ ਕਰਵਾਉਣ ਦੀ ਸੂਰਤ ਵਿੱਚ ਜਾਂ ਜਿਨ੍ਹਾਂ ਉਮੀਦਵਾਰਾਂ ਦੇ ਕੋਈ ਦਸਤਾਵੇਜ ਅਧੂਰੇ ਪਾਏ ਜਾਂਦੇ ਹਨ ਤਾਂ ਉਨ੍ਹਾਂ ਦੀ ਪਾਤਰਤਾ ਉਸ ਸਮੇਂ ਰੱਦ ਕਰ ਦਿੱਤੀ ਜਾਵੇਗੀ।

5. ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਵੀ ਉਮੀਦਵਾਰ ਦਾ ਕੋਈ ਵੀ ਦਸਤਵੇਜ/ਸਰਟੀਫਿਕੇਟ ਗਲਤ ਜਾਂ ਜਾਅਲੀ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ F.I.R. ਮੌਕੇ ਤੇ ਹੀ ਦਰਜ ਕਰਵਾਈ ਜਾਵੇਗੀ।

6. ਸਕਰੂਟਨੀ ਦੌਰਾਨ ਹਾਜਰ ਰਿਹਣ ਸਮੇ ਉਮੀਦਵਾਰ ਪੰਜਾਬ ਸਰਕਾਰ ਸਿਹਤ ਵਿਭਾਗ ਵਲੋ ਜਾਰੀ ਕੋਵਿਡ-19 ਗਾਈਡ ਲਾਈਨਜ ਜਿਵੇ ਮਾਸਕ ਪਾਉਣਾ, ਸੋਸਲ ਡਿਸਟੈਸਿੰਗ ਆਦਿ ਦਾ ਧਿਆਨ ਰੱਖਣਗੇ ।

ਸਹਾਇਕ ਡਾਇਰੈਕਟਰ
ਸਿੱਖਿਆ ਭਰਤੀ ਡਾਇਰੈਕਟਰ, ਪੰਜਾਬ